# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ

ਵੱਲ

1. ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿੱ/ ਐ.ਸਿੱ), ਪੰਜਾਬ।
2. ਸਮੂਹ ਸਕੂਲ ਮੁੱਖੀ, ਪੰਜਾਬ।
3. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।

ਮੀਮੋਨੰ: ਡਿਪਟੀਐਸ.ਪੀ.ਡੀ (ਪੀ.ਈ.ਡੀ.ਬੀ)/ 2021/ 134100

ਮਿਤੀ: 20.04.2021

**ਵਿਸ਼ਾ: ਈ.ਟੀ.ਟੀ, ਐਚ.ਟੀ ਅਤੇ ਸੀ.ਐਚ.ਟੀ ਬਦਲੀਆਂ ਦੇ ਹੁਕਮ ਲਾਗੂ ਕਰਨ ਸਬੰਧੀ।**

ਹਵਾਲਾ: ਇਸ ਦਫਤਰ ਦੇ ਪੱਤਰ ਨੰ: ਡਿਪਟੀਐਸ.ਪੀ.ਡੀ (ਪੀ.ਈ.ਡੀ.ਬੀ)/ 2021/122853 ਮਿਤੀ 08.04.2021 ਅਤੇ ਡਿਪਟੀਐਸ.ਪੀ.ਡੀ (ਪੀ.ਈ.ਡੀ.ਬੀ)/ 2021/128121 ਮਿਤੀ 14.04.2021

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਰਾਹੀਂ ਲਿਖਿਆ ਗਿਆ ਸੀ ਕਿ ਵਿਭਾਗ ਵੱਲੋਂ ਮਿਤੀ 24.03.2021 ਨੂੰ ਜਾਰੀ ਕੀਤੇ ਪਹਿਲੇ ਗੇੜ ਦੀਆਂ ਬਦਲੀਆਂ ਅਤੇ ਮਿਤੀ 09.04.2021 ਨੂੰ ਦੂਜੇ ਗੇੜ ਦੀਆਂ ਬਦਲੀਆਂ ਦੇ ਹੁਕਮ ਮਿਤੀ 21.04.2021 ਨੂੰ ਲਾਗੂ ਕੀਤੇ ਜਾਣਗੇ।

2.0 ਉਪਰੋਕਤ ਤੋਂ ਇਲਾਵਾ ਲਿਖਿਆ ਗਿਆ ਸੀ ਕਿ:

"In case of Primary schools if upon implementation of the transfer orders the school is likely to become teacherless, then these orders shall be implemented only upon on getting the replacement of the said teacher during the subsequent rounds of transfers."

3.0 ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਜੇਕਰ ਪ੍ਰਾਇਮਰੀ ਕਾਡਰ ਦੇ ਅਧਿਆਪਕ ਭਾਵ ਈ.ਟੀ.ਟੀ, ਐਚ.ਟੀ ਅਤੇ ਸੀ.ਐਚ.ਟੀ ਦੀਆਂ ਬਦਲੀਆਂ ਮਿਤੀ 21.04.2021 ਨੂੰ ਲਾਗੂ ਕੀਤੀਆਂ ਜਾਂਦੀਆਂ ਹਨ ਤਾਂ ਕਾਫੀ ਗਿਣਤੀ ਵਿੱਚ ਪ੍ਰਾਇਮਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਅਧਿਆਪਕਾਂ ਦੀ ਘਾਟ ਹੋਵੇਗੀ। ਇਸ ਤੋਂ ਇਲਾਵਾ ਪ੍ਰਾਇਮਰੀ ਅਧਿਆਪਕਾਂ ਦੀ ਨਵੀ ਨਿਯੁਕਤੀ ਸਬੰਧੀ ਕੇਸ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਪੈਂਡਿੰਗ ਹੈ।

4.0 ਉਪਰੋਕਤ ਸਥਿਤੀ ਦੇ ਸਨਮੁੱਖ ਵਿਭਾਗ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਪ੍ਰਾਇਮਰੀ ਕਾਡਰ ਦੇ ਅਧਿਆਪਕ ਈ.ਟੀ.ਟੀ, ਐਚ.ਟੀ ਅਤੇ ਸੀ.ਐਚ.ਟੀ ਦੀਆਂ ਬਦਲੀਆਂ ਮਿਤੀ 28.04.2021 ਤੋਂ ਲਾਗੂ ਕੀਤੀਆਂ ਜਾਣਗੀਆਂ।

**ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ**

Scanned with CamScanner